ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ
ਪ੍ਰੈਸ ਨੋਟ

ਡਿਪਟੀ ਕਮਿਸ਼ਨਰ ਨੇ ਸਕੂਲ ਅਧਿਆਪਕ ਲਈ ਲਾਪਤਾ 12 ਸਾਲ ਦੇ ਲੜਕੇ ਨੂੰ ਵਾਪਸ ਲਿਆਉਣ ਲਈ ਲਖਨਊ ਭੇਜੀ ਕਾਰ, ਦੋ ਮਹੀਨਿਆਂ ਬਾਅਦ ਬੱਚੇ ਨੇ ਪਰਿਵਾਰ ਨਾਲ ਕੀਤੀ ਮੁਲਾਕਾਤ
ਬੱਚਾ ਦਾਦੀ ਨੂੰ ਮਿਲਣ ਲਈ ਕਰਫਿਊ ਤੋਂ ਪਹਿਲਾਂ ਮਾਲਗੱਡੀ ਵਿਚ ਬੈਠ ਕੇ ਰਵਾਨਾ ਹੋ ਗਿਆ ਸੀ, ਪਰ ਬੱਚਾ ਲਖਨਊ ਪਹੁੰਚ ਗਿਆ
ਬਾਲ ਭਲਾਈ ਕਮੇਟੀ ਤੋਂ ਸੂਚਨਾ ਮਿਲਦੇ ਹੀ ਡਿਪਟੀ ਕਮਿਸ਼ਨਰ ਨੇ ਬੱਚੇ ਨੂੰ ਵਾਪਸ ਲਿਆਉਣ ਲਈ ਭੇਜੀ ਕਾਰ

ਫਿਰੋਜ਼ਪੁਰ, 29 ਮਈ
ਡਿਪਟੀ ਕਮਿਸ਼ਨਰ ਫਿਰੋਜ਼ਪੁਰ ਸ੍ਰੀ ਕੁਲਵੰਤ ਸਿੰਘ ਦੇ ਯਤਨਾਂ ਸਦਕਾ, ਇੱਕ 12 ਸਾਲਾ ਲੜਕਾ ਸ਼ੁੱਕਰਵਾਰ ਨੂੰ ਦੋ ਮਹੀਨਿਆਂ ਬਾਅਦ ਆਪਣੇ ਪਰਿਵਾਰ ਨੂੰ ਮਿਲ ਸਕਿਆ ਹੈ। ਬੱਚਾ ਆਪਣੀ ਦਾਦੀ ਨੂੰ ਮਿਲਣ ਲਈ ਦੋ ਮਹੀਨੇ ਪਹਿਲਾਂ ਇਕ ਮਾਲ ਗੱਡੀ ਵਿਚ ਬੈਠ ਗਿਆ ਸੀ, ਪਰ ਬਿਹਾਰ ਪਹੁੰਚਣ ਦੀ ਬਜਾਏ ਲਖਨਊ ਪਹੁੰਚ ਗਿਆ। ਬੱਚੇ ਨੂੰ ਲੱਭਣ ਲਈ ਬਹੁਤ ਕੋਸ਼ਿਸ਼ ਕੀਤੀ ਜਾ ਰਹੀ ਸੀ। ਇਸੇ ਦੌਰਾਨ ਲਖਨਊ ਪ੍ਰਸ਼ਾਸਨ ਦੀ ਬਾਲ ਭਲਾਈ ਕਮੇਟੀ ਤੋਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਇਹ ਬੱਚਾ ਲਖਨਊ ਹੋਣ ਬਾਰੇ ਸੂਚਨਾ ਮਿਲੀ, ਜਿਸ 'ਤੇ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਸ੍ਰੀ ਕੁਲਵੰਤ ਸਿੰਘ ਨੇ ਤੁਰੰਤ ਕਾਰਵਾਈ ਕਰਦਿਆਂ, ਬੱਚੇ ਨੂੰ ਫਿਰੋਜ਼ਪੁਰ ਵਾਪਸ ਲਿਆਉਣ ਲਈ 27 ਮਈ ਨੂੰ ਫਿਰੋਜ਼ਪੁਰ ਤੋਂ ਲਖਨਊ ਇੱਕ ਕਾਰ ਰਵਾਨਾ ਕੀਤੀ ਗਈ।

ਵਿਸਥਾਰਪੂਰਵਕ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਸ੍ਰ: ਕੁਲਵੰਤ ਸਿੰਘ ਨੇ ਦੱਸਿਆ ਕਿ ਇਹ ਬੱਚਾ ਬਿਹਾਰ ਵਿਚ ਰਹਿੰਦੀ ਆਪਣੀ ਦਾਦੀ ਨੂੰ ਮਿਲਣ ਲਈ ਇਕ ਮਾਲਗੱਡੀ ਵਿਚ ਬੈਠ ਗਿਆ ਸੀ। ਪਰਿਵਾਰ ਉਸਦੀ ਭਾਲ ਕਰਦਾ ਰਿਹਾ ਪਰ ਉਹ ਲਖਨਊ ਪਹੁੰਚ ਗਿਆ ਸੀ। ਜਿਵੇਂ ਹੀ ਪ੍ਰਸ਼ਾਸਨ ਨੂੰ ਸੂਚਨਾ ਮਿਲੀ ਕਿ ਬੱਚਾ ਲਖਨਊ ਵਿੱਚ ਹੈ ਤੇ ਸੁਰੱਖਿਅਤ ਹੈ, ਉਸਨੂੰ ਲਿਆਉਣ ਲਈ ਇੱਕ ਬਾਲ ਭਲਾਈ ਕਮੇਟੀ ਦੇ ਮੈਂਬਰ ਨੂੰ ਕਾਰ ਵਿੱਚ ਲਖਨਊ ਭੇਜਿਆ ਅਤੇ ਕਮੇਟੀ ਮੈਂਬਰ ਬੱਚੇ ਨੂੰ ਫਿਰੋਜ਼ਪੁਰ ਵਾਪਸ ਲੈ ਆਏ, ਜਿਸ ਨੂੰ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਸ੍ਰੀ ਕੁਲਵੰਤ ਸਿੰਘ ਨੇ ਉਨ੍ਹਾਂ ਦੇ ਪਿਤਾ ਦੇ ਹਵਾਲੇ ਕਰ ਦਿੱਤਾ। ਡਿਪਟੀ ਕਮਿਸ਼ਨਰ ਨੇ ਬੱਚੇ ਨੂੰ ਇੱਕ ਚਾਕਲੇਟ ਬਾਕਸ ਵੀ ਦਿੱਤਾ, ਅਤੇ ਨਾਲ ਹੀ ਸਮਝਾਇਆ ਕਿ ਭਵਿੱਖ ਵਿੱਚ ਉਹ ਆਪਣੇ ਆਪ ਘਰੋਂ ਇੱਕਲਾ ਬਾਹਰ ਨਹੀਂ ਜਾਵੇਗਾ। ਡਿਪਟੀ ਕਮਿਸ਼ਨਰ ਨੇ ਸਾਰੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ 'ਤੇ ਨਜ਼ਰ ਰੱਖਣ ਤਾਂ ਜੋ ਅਜਿਹੀਆਂ ਘਟਨਾਵਾਂ ਤੋਂ ਬਚਿਆ ਜਾ ਸਕੇ।

ਬੱਚੇ ਦੇ ਪਿਤਾ ਉਦੈ ਸ਼ੰਕਰ ਕੁਮਾਰ ਜੋ ਸਥਾਨਕ ਸਕੂਲ ਵਿਚ ਅਧਿਆਪਕ ਹਨ, ਨੇ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਸ੍ਰੀ ਕੁਲਵੰਤ ਸਿੰਘ ਦਾ ਇਸ ਮਦਦ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਜਿਉਂ ਹੀ ਜ਼ਿਲ੍ਹਾ ਪ੍ਰਸ਼ਾਸਨ ਨੂੰ ਬੱਚੇ ਦੇ ਲਖਨਊ ਵਿੱਚ ਹੋਣ ਦੀ ਸੂਚਨਾ ਮਿਲੀ, ਡਿਪਟੀ ਕਮਿਸ਼ਨਰ ਫਿਰੋਜ਼ਪੁਰ ਵੱਲੋਂ ਇੱਕ ਕਾਰ ਨੂੰ ਉਸਦੇ ਬੇਟੇ ਨੂੰ ਘਰ ਵਾਪਸ ਲਿਆਉਣ ਲਈ ਰਵਾਨਾ ਕੀਤਾ ਗਿਆ। ਦੋ ਮਹੀਨਿਆਂ ਬਾਅਦ, ਉਹ ਆਪਣੇ ਬੱਚੇ ਨੂੰ ਵਾਪਸ ਲੈ ਕੇ ਬਹੁਤ ਖੁਸ਼ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਿਰੋਜ਼ਪੁਰ
ਪ੍ਰੈਸ ਨੋਟ

ਟਿੱਡੀ ਦਲ ਤੋਂ ਫ਼ਸਲਾਂ ਨੂੰ ਬਚਾਉਣ ਦੇ ਲਈ ਫ਼ਿਰੋਜ਼ਪੁਰ ਵਿੱਚ ਐਕਸ਼ਨ ਪਲਾਨ ਤਿਆਰ, ਸਾਰੇ ਵਿਭਾਗਾਂ ਦੀਆਂ ਡਿਊਟੀਆਂ ਲਗਾਈਆਂ
ਡਿਪਟੀ ਕਮਿਸ਼ਨਰ ਨੇ ਟਿੱਡੀ ਦਲ ਦੇ ਹਮਲੇ ਦੀ ਸੂਰਤ ਵਿੱਚ ਛਿੜਕਾਅ ਦੇ ਲਈ ਦਵਾਈਆਂ, ਫਾਇਰ ਬ੍ਰਿਗੇਡ ਦੀਆਂ ਗੱਡੀਆਂ, ਪਾਣੀ ਦੀਆਂ ਟੈਂਕੀਆਂ, ਸਰਚ ਲਾਈਟਾਂ ਸਮੇਤ ਸਾਰਾ ਸਾਜ਼ੋ-ਸਾਮਾਨ ਤਿਆਰ ਰੱਖਣ ਦਾ ਨਿਰਦੇਸ਼ ਦਿੱਤਾ

ਫ਼ਿਰੋਜ਼ਪੁਰ 29 ਮਈ 2020 ( )
ਟਿੱਡੀ ਦਲ ਦੇ ਸੰਭਾਵਿਤ ਖ਼ਤਰੇ ਨੂੰ ਦੇਖਦੇ ਹੋਏ ਕਿਸਾਨਾਂ ਦੀਆਂ ਫ਼ਸਲਾਂ ਨੂੰ ਬਚਾਉਣ ਦੇ ਲਈ ਫ਼ਿਰੋਜ਼ਪੁਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਐਕਸ਼ਨ ਪਲਾਨ ਤਿਆਰ ਕਰ ਲਿਆ ਗਿਆ ਹੈ। ਸ਼ੁੱਕਰਵਾਰ ਨੂੰ ਇਸ ਮਾਮਲੇ ਵਿੱਚ ਹੁਣ ਤੱਕ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਦੇ ਲਈ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਸ੍ਰ. ਕੁਲਵੰਤ ਸਿੰਘ ਦੀ ਅਗਵਾਈ ਵਿੱਚ ਇੱਕ ਬੈਠਕ ਹੋਈ, ਜਿਸ ਵਿੱਚ ਖੇਤੀਬਾੜੀ ਵਿਭਾਗ, ਲੋਕਲ ਬਾਡੀਜ਼ ਵਿਭਾਗ, ਗ੍ਰਾਮੀਣ ਵਿਕਾਸ ਵਿਭਾਗ, ਸਿਹਤ ਵਿਭਾਗ ਸਮੇਤ ਵੱਖ-ਵੱਖ ਦੇ ਅਧਿਕਾਰੀ ਸ਼ਾਮਲ ਹੋਏ। ਡਿਪਟੀ ਕਮਿਸ਼ਨਰ ਸ੍ਰੀ. ਕੁਲਵੰਤ ਸਿੰਘ ਨੇ ਦੱਸਿਆ ਕਿ ਰਾਜਸਥਾਨ ਵਿੱਚ ਟਿੱਡੀ ਦਲ ਵੱਲੋਂ ਫ਼ਸਲਾਂ ਤੇ ਹਮਲਾ ਕੀਤਾ ਗਿਆ ਹੈ ਅਤੇ ਪੰਜਾਬ ਵਿੱਚ ਵੀ ਇਸ ਤਰ੍ਹਾਂ ਦੇ ਹਮਲੇ ਦੀ ਆਸ਼ੰਕਾ ਵਿਅਕਤ ਕੀਤੀ ਜਾ ਰਹੀ ਹੈ। ਇਸ ਲਈ ਸਾਨੂੰ ਖ਼ਾਸ ਤੌਰ ਤੇ ਰਾਜਸਥਾਨ ਬਾਰਡਰ ਦੇ ਨਜ਼ਦੀਕ ਇਲਾਕਿਆਂ ਨੂੰ ਮੁਸਤੈਦ ਰਹਿਣ ਅਤੇ 24 ਘੰਟੇ ਨਿਗਰਾਨੀ ਰੱਖਣ ਦੀ ਜ਼ਰੂਰਤ ਹੈ।

ਡਿਪਟੀ ਕਮਿਸ਼ਨਰ ਨੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਫ਼ਿਰੋਜ਼ਪੁਰ ਦੇ ਮੁੱਖ ਖੇਤੀਬਾੜੀ ਅਫ਼ਸਰ ਇਸ ਮੁਹਿੰਮ ਵਿੱਚ ਬਤੌਰ ਨੋਡਲ ਅਫ਼ਸਰ ਵਜੋਂ ਕੰਮ ਕਰਨਗੇ ਅਤੇ ਦੂਸਰੇ ਸਾਰੇ ਵਿਭਾਗਾਂ ਦੇ ਨਾਲ ਤਾਲਮੇਲ ਬਣਾ ਕੇ ਰੱਖਣਗੇ। ਉਹ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਦਾ ਇੱਕ ਵਟਸਐੱਪ ਗਰੁੱਪ ਬਣਾਉਣਗੇ, ਜਿਸ ਵਿੱਚ ਟਿੱਡੀ ਦਲ ਨਾਲ ਜੁੜੀਆਂ ਸਾਰੀਆਂ ਸੂਚਨਾਵਾਂ ਨੂੰ ਸਾਂਝਾ ਕੀਤਾ ਜਾਵੇਗਾ ਤਾਂਕਿ ਸਾਡੀ ਤਿਆਰੀ ਹੋਰ

ਮਜ਼ਬੂਤ ਹੋ ਸਕੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਟਿੱਡੀ ਦਲ ਦਾ ਹਮਲਾ ਫ਼ਸਲਾਂ ਤੇ ਹੋਣ ਦੀ ਸੂਰਤ ਵਿੱਚ ਖੇਤਾਂ ਵਿੱਚ ਛਿੜਕਣ ਵਾਲੀ ਦਵਾਈ ਦਾ ਭਰਪੂਰ ਸਟਾਕ ਤਿਆਰ ਰੱਖਿਆ ਜਾਵੇ। ਇਸ ਤੋਂ ਇਲਾਵਾ ਫਾਇਰ ਬ੍ਰਿਗੇਡ ਦੀਆਂ ਗੱਡੀਆਂ, ਮਾਰਕੀਟ ਕਮੇਟੀ ਦੀਆਂ ਗੱਡੀਆਂ, ਸਪਰੇਅ ਪੰਪ, ਰਾਤ ਨੂੰ ਆਪਰੇਸ਼ਨ ਚਲਾਉਣ ਦੇ ਲਈ ਸਰਚ ਲਾਈਟਾਂ ਸਮੇਤ ਸਾਰੇ ਸੰਸਾਧਨੋ ਦੀਆਂ ਸੂਚੀਆਂ ਤਿਆਰ ਰੱਖੀਆਂ ਜਾਣ। ਉਨ੍ਹਾਂ ਕਿਹਾ ਕਿ ਇਹ ਸਾਰੀ ਲਿਸਟ ਖੇਤੀਬਾੜੀ ਵਿਭਾਗ ਵੱਲੋਂ ਸਬੰਧਿਤ ਵਿਭਾਗਾਂ ਤੋਂ ਇਕੱਤਰਿਤ ਕਰਕੇ ਤਿਆਰ ਕੀਤੀਆਂ ਜਾਣਗੀਆਂ, ਨਾਲ ਹੀ ਖੇਤੀਬਾੜੀ ਵਿਭਾਗ, ਗ੍ਰਾਮੀਣ ਵਿਕਾਸ ਵਿਭਾਗ, ਬਿਜਲੀ ਵਿਭਾਗ, ਸਿਹਤ ਵਿਭਾਗ, ਪੰਚਾਇਤਾਂ ਦੇ ਵਿੱਚ ਆਪਸੀ ਤਾਲਮੇਲ ਵਿੱਚ ਕੋਈ ਕਮੀ ਨਹੀਂ ਹੋਣੀ ਚਾਹੀਦੀ। ਡਿਪਟੀ ਕਮਿਸ਼ਨਰ ਨੇ ਪਾਵਰ ਕਾਰਪੋਰੇਸ਼ਨ ਦੇ ਅਧਿਕਾਰੀਆਂ ਨੂੰ ਵੀ ਨਿਰਦੇਸ਼ ਦਿੱਤਾ ਕਿ ਜਿੱਥੇ ਵੀ ਇਸ ਤਰ੍ਹਾਂ ਦੇ ਅਟੈਕ ਦੀ ਸੂਚਨਾ ਮਿਲਦੀ ਹੈ, ਉੱਥੇ ਬਿਜਲੀ ਦੀ ਸਪਲਾਈ ਨਿਰੰਤਰ ਜਾਰੀ ਰੱਖਣ ਤਾਂਕਿ ਜ਼ਰੂਰਤ ਪੈਣ ਤੇ ਟਿਊਬਵੈੱਲ ਜਾਂ ਮੋਟਰ ਚਲਾ ਕੇ ਪਾਣੀ ਦੀ ਸਪਲਾਈ ਸੁਨਿਸ਼ਚਿਤ ਕੀਤੀ ਜਾ ਸਕੇ।

ਖੇਤੀਬਾੜੀ ਅਫ਼ਸਰ ਡਾ. ਮੁਖ਼ਤਿਆਰ ਸਿੰਘ ਭੁੱਲਰ ਨੇ ਡਿਪਟੀ ਕਮਿਸ਼ਨਰ ਨੂੰ ਦੱਸਿਆ ਕਿ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਤੇ ਮੁਲਾਜ਼ਮ ਰੋਜ਼ਾਨਾ ਪਿੰਡਾਂ ਵਿੱਚ ਸਰਵੇ ਕਰ ਰਹੇ ਹਨ, ਕਿਸਾਨਾਂ ਨਾਲ ਬੈਠਕਾਂ ਕਰ ਰਹੇ ਹਨ ਅਤੇ ਉਨ੍ਹਾਂ ਨੂੰ ਟਿੱਡੀ ਦਲ ਦੇ ਬਾਰੇ ਵਿੱਚ ਜਾਗਰੂਕ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਫ਼ਿਲਹਾਲ ਫ਼ਿਰੋਜ਼ਪੁਰ ਵਿੱਚ ਟਿੱਡੀ ਦਲ ਦਾ ਵੀ ਖ਼ਤਰਾ ਨਹੀਂ ਹੈ ਲੇਕਿਨ ਕਿਸੇ ਵੀ ਸਥਿਤੀ ਨਾਲ ਨਿਪਟਣ ਲਈ ਪੂਰੀ ਤਿਆਰੀ ਕਰ ਲਈ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਲੜਾਈ ਵਿੱਚ ਕੰਮ ਆਉਣ ਵਾਲੇ ਸਾਰੇ ਸੰਸਾਧਨਾਂ ਦੀਆਂ ਸੂਚੀਆਂ ਤਿਆਰ ਕੀਤੀਆਂ ਜਾ ਰਹੀਆਂ ਹਨ ਅਤੇ ਸਾਰੇ ਸੰਸਾਧਨ ਬਿਲਕੁਲ ਤਿਆਰ ਰੱਖੇ ਗਏ ਹਨ ਤਾਂਕਿ ਜ਼ਰੂਰਤ ਪੈਣ ਤੇ ਉਨ੍ਹਾਂ ਨੂੰ ਕਦੀ ਵੀ ਇਸਤੇਮਾਲ ਕੀਤਾ ਜਾ ਸਕੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ
ਪ੍ਰੈਸ ਨੋਟ

ਸਿਹਤ ਵਿਭਾਗ ਵੱਲੋਂ ਗੱਟੀ ਰਾਜੋ ਕੇ ਦੇ ਲੋਕਾਂ ਨੂੰ ਕਰੋਨਾ ਵਾਇਰਸ ਦੇ ਨਾਲ-ਨਾਲ ਡੇਂਗੂ, ਮਲੇਰੀਆਂ ਤੇ ਚਿਕਨਗੁਨੀਆ ਬਿਮਾਰੀਆਂ ਬਾਰੇ ਕੀਤਾ ਗਿਆ ਜਾਗਰੂਕ

ਫਿਰੋਜ਼ਪੁਰ 29 ਮਈ 2020 ( )

ਸਿਵਲ ਸਰਜਨ ਡਾ. ਨਵਦੀਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਸੀਨੀਅਰ ਮੈਡੀਕਲ ਅਫਸਰ ਮਮਦੋਟ ਡਾ. ਰਜਿੰਦਰ ਮਨਚੰਦਾ ਦੀ ਅਗਵਾਈ ਵਿੱਚ ਸਬ ਸੈਂਟਰ ਗੱਟੀ ਰਾਜੋ ਕੇ ਵਿਖੇ ਲੋਕਾਂ ਨੂੰ ਕਰੋਨਾ ਮਹਾਂਮਾਰੀ ਦੇ ਨਾਲ-ਨਾਲ ਡੇਂਗੂ, ਮਲੇਰੀਆ ਅਤੇ ਚਿਕਨਗੁਨੀਆ ਦੇ ਸੀਜ਼ਨ ਨੂੰ ਮੁੱਖ ਰੱਖਦਿਆਂ ਮੱਛਰ ਤੋਂ ਹੋਣ ਵਾਲੀਆਂ ਬਿਮਾਰੀਆਂ ਬਾਰੇ ਵੀ ਜਾਗਰੂਕ ਕੀਤਾ ਗਿਆ।

ਇਸ ਮੌਕੇ ਹੈਲਥ ਵਿਭਾਗ ਦੇ ਅਧਿਕਾਰੀ ਏ. ਐੱਨ. ਐੱਮ ਪੂਨਮ ਤੇ ਮਨਜੀਤ ਕੁਮਾਰ ਤੇ ਸੀ.ਐੱਚ.ਓ ਨਰਿੰਦਰ ਸਿੰਘ ਨੇ ਹਾਜ਼ਰ ਲੋਕਾਂ ਨੂੰ ਡੇਂਗੂ, ਮਲੇਰੀਆਂ ਦੀਆਂ ਬਿਮਾਰੀਆਂ ਤੋਂ ਬਚਣ ਦੇ ਤਰੀਕਿਆਂ ਬਾਰੇ ਦੱਸਿਆ। ਉਨ੍ਹਾਂ ਲੋਕਾਂ ਨੂੰ ਦੱਸਿਆ ਗਿਆ ਕਿ ਉਹ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਰੱਖਣ ਵੱਲ ਵਿਸ਼ੇਸ਼ ਧਿਆਨ ਦੇਣ ਤੇ ਪਾਣੀ ਇੱਕ ਜਗ੍ਹਾ ਤੇ ਖੜ੍ਹਾ ਨਾ ਹੋਣ ਦੇਣ ਕਿਉਂਕਿ ਪਾਣੀ ਦੇ ਇੱਕ ਥਾਂ ਤੇ ਖੜ੍ਹੇ ਹੋਣ ਨਾਲ ਮੱਛਰ ਪੈਦਾ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਰਾਤ ਸਮੇਂ ਮੱਛਰਦਾਨੀ ਦਾ ਇਸਤੇਮਾਲ ਕਰਨਾ ਚਾਹੀਦਾ ਤੇ ਸਰੀਰ ਨੂੰ ਪੂਰਾ ਢੱਕ ਕੇ ਰੱਖਣਾ ਚਾਹੀਦਾ ਹੈ।
ਇਸ ਤੋਂ ਇਲਾਵਾ ਉਨ੍ਹਾਂ ਲੋਕਾਂ ਨੂੰ ਕਰੋਨਾ ਮਹਾਂਮਾਰੀ ਬਾਰੇ ਜਾਗਰੂਕ ਵੀ ਕੀਤਾ ਤੇ ਕਿਹਾ ਕਿ ਉਹ ਆਪਣੇ ਨੱਕ, ਮੂੰਹ ਨੂੰ ਕੱਪੜੇ ਨਾਲ ਢੱਕ ਕੇ ਰੱਖਣ। ਉਨ੍ਹਾਂ ਕਿਹਾ ਕਿ ਖਾਂਸੀ, ਜ਼ੁਕਾਮ ਤੇ ਬੁਖ਼ਾਰ ਆਦਿ ਲੱਛਣਾਂ ਦੇ ਆਉਣ ਤੇ ਮੁੱਢਲੇ ਸਿਹਤ ਕੇਂਦਰ ਜਾਂ ਸਿਵਲ ਹਸਪਤਾਲ ਵਿੱਚ ਆਪਣਾ ਚੈੱਕਅਪ ਜ਼ਰੂਰ ਕਰਵਾਉਣ। ਇਸ ਮੌਕੇ ਸਰਪੰਚ ਲਾਲ ਸਿੰਘ ਤੇ ਕੁਲਵੰਤ ਸਿੰਘ ਸੰਧੂ ਆਦਿ ਵੀ ਹਾਜ਼ਰ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ

ਸਿਹਤ ਵਿਭਾਗ ਮੈਂਸਟਰੂਅਲ ਹਾਈਜੀਨ ਪ੍ਰਤੀ ਵਚਨਬੱਧ: ਸਿਵਲ ਸਰਜਨ

ਕਿਹਾ, ਵਿਭਾਗ ਵੱਲੋਂ ਆਸ਼ਾ ਕਰਮੀਆਂ ਦੀ ਮਦਦ ਨਾਲ ਕਿਸ਼ੋਰੀਆਂ ਨੂੰ ਸੈਨੇਟਰੀ ਨੈਪਕਿਨ ਮੁਹੱਈਆ ਕਰਵਾਏ ਜਾਂਦੇ ਹਨ

ਫਿਰੋਜ਼ਪੁਰ 29 ਮਈ 2020 ( )

ਸਿਵਲ ਸਰਜਨ ਡਾ. ਨਵਦੀਪ ਸਿੰਘ ਦੀ ਅਗਵਾਈ ਹੇਠ ਸਿਹਤ ਵਿਭਾਗ ਫਿਰੋਜ਼ਪੁਰ ਵੱਲੋਂ ਕੋਵਿਡ-19 (ਕਰੋਨਾ) ਮਹਾਂਮਾਰੀ ਨੂੰ ਦੇਖਦੇ ਹੋਏ ਜਿੱਥੇ ਜ਼ਿਲ੍ਹੇ ਅੰਦਰ ਕਰੋਨਾ ਰੋਗ ਨੂੰ ਕਾਬੂ ਹੇਠ ਰੱਖਣ ਲਈ ਸਰਕਾਰੀ ਨਿਰਦੇਸ਼ਾਂ ਅਤੇ ਪ੍ਰੋਟੋਕਾਲ ਅਨੁਸਾਰ ਢੁਕਵੀਆਂ ਗਤੀਵਿਧੀਆਂ ਅਮਲ ਵਿੱਚ ਲਿਆਂਦੀਆਂ ਜਾ ਰਹੀਆਂ ਹਨ ਉੱਥੇ ਵਿਭਾਗ ਵੱਲੋਂ ਚਲਾਏ ਜਾ ਰਹੇ ਹੋਰ ਵੱਖ-ਵੱਖ ਸਿਹਤ ਪ੍ਰੋਗਰਾਮਾਂ ਵੱਲ ਵੀ ਪੂਰੀ ਤਵੱਜੋ ਦਿੱਤੀ ਜਾ ਰਹੀ ਹੈ। ਇਸੇ ਲੜੀ ਤਹਿਤ ਸਿਹਤ ਵਿਭਾਗ ਵੱਲੋਂ ਰਾਸ਼ਟਰੀ ਮੈਂਸਟਰੂਅਲ ਹਾਈਜੀਨ ਪ੍ਰੋਗਰਾਮ ਨਾਲ ਸਬੰਧਿਤ ਰਾਸ਼ਟਰੀ ਦਿਵਸ ਨੂੰ ਸਮਰਪਿਤ ਵਿਭਾਗ ਦੇ ਇੱਕ ਅਹਿਮ ਪ੍ਰੋਗਰਾਮ ਦੌਰਾਨ ਕਿਸ਼ੋਰੀਆਂ ਅਤੇ ਔਰਤਾਂ ਨੂੰ ਮੈਂਸਟਰੂਅਲ (ਮਾਹਵਾਰੀ) ਸਿਹਤ ਅਤੇ ਸਫ਼ਾਈ ਮੇਨਟੇਨ ਕਰਨ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।

ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਨਵਦੀਪ ਸਿੰਘ ਨੇ ਦੱਸਿਆ ਕਿ ਕਿਸ਼ੋਰੀਆਂ ਅਤੇ ਔਰਤਾਂ ਦੀ ਸਿਹਤ ਅਤੇ ਸਨਮਾਨ ਲਈ ਸੁਰੱਖਿਅਤ ਮਾਹਵਾਰੀ ਬਹੁਤ ਜ਼ਰੂਰੀ ਹੈ। ਮਾਹਵਾਰੀ ਨਾਲ ਜੁੜੀਆਂ ਗ਼ਲਤ ਧਾਰਨਾਵਾਂ ਅਤੇ ਮਿੱਥਾਂ ਨੂੰ ਦੂਰ ਕਰਨ ਲਈ ਕਿਸ਼ੋਰੀਆਂ ਨਾਲ ਇਸ ਬਾਰੇ ਗੱਲਬਾਤ ਕਰਨਾ ਬਹੁਤ ਮਹੱਤਵਪੂਰਨ ਹੈ। ਅਜਿਹਾ ਮਾਹਵਾਰੀ ਦੌਰਾਨ ਪ੍ਰਚੱਲਿਤ ਸਵੱਸਥਿਕ ਸਾਫ-ਸਫਾਈ ਨਾ ਰੱਖਣ ਦੇ ਵਿਹਾਰ ਕਾਰਨ ਹੋਣ ਵਾਲੇ ਲਾਗ ਦੀ ਸੰਭਾਵਨਾ ਨੂੰ ਘੱਟ ਕਰਦਾ ਹੈ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਆਸ਼ਾ ਕਰਮੀਆਂ ਦੀ ਮਦਦ ਨਾਲ ਕਿਸ਼ੋਰੀਆਂ ਨੂੰ ਸੈਨੇਟਰੀ ਨੈਪਕਿਨ ਮੁਹੱਈਆ ਕਰਵਾਏ ਜਾਂਦੇ ਹਨ ਅਤੇ ਹਰ ਇੱਕ ਆਸ਼ਾ ਕਰਮੀ ਵੱਲੋਂ ਆਪਣੇ ਖੇਤਰ ਦੀਆਂ ਕਿਸ਼ੋਰੀਆਂ (10 ਤੋਂ 19 ਸਾਲ ਦੀਆਂ ਲੜਕੀਆਂ) ਦੀ ਮਹੀਨੇ ਵਿੱਚ ਇੱਕ ਮੀਟਿੰਗ ਕੀਤੀ ਜਾਂਦੀ ਹੈ। ਜਿਸ ਵਿੱਚ ਮੈਂਸਟਰੂਅਲ ਹਾਈਜੀਨ, ਸੈਨੇਟਰੀ ਨੈਪਕਿਨ ਅਤੇ ਇਨ੍ਹਾਂ ਨੂੰ ਵਰਤਣ ਉਪਰੰਤ ਇਹਨਾਂ ਦੇ ਉਚਿੱਤ ਨਿਪਟਾਰੇ ਬਾਰੇ ਜਾਣਕਾਰੀ ਦਿੱਤੀ ਜਾਂਦੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਵਿਭਾਗ ਵੱਲੋਂ ਰਾਸ਼ਟਰੀ ਕਿਸ਼ੋਰ ਸਵੱਸਥ ਪ੍ਰੋਗਰਾਮ ਅਧੀਨ ਚਲਾਏ ਜਾ ਰਹੇ ਉਮੰਗ ਕਲੀਨਿਕਾਂ ਵਿਚ ਵੀ ਕਿਸ਼ੋਰੀਆਂ ਨੂੰ ਨਿੱਜੀ ਸਾਫ਼ ਸਫ਼ਾਈ ਬਾਰੇ ਜਾਣਕਾਰੀ ਦਿੱਤੀ ਜਾਂਦੀ ਹੈ।